ਮਲਾਰ ਮਹਲਾ ੪ ॥ ਗੰਗਾ ਜਮੁਨਾ ਗੋਦਾਵਰੀ ਸਰਸੁਤੀ ਤੇ ਕਰਹਿ ਉਦਮੁ ਧੂਰਿ ਸਾਧੂ ਕੀ ਤਾਈ ॥ ਕਿਲਵਿਖ ਮੈਲੁ ਭਰੇ ਪਰੇ ਹਮਰੈ ਵਿਚਿ ਹਮਰੀ ਮੈਲੁ ਸਾਧੂ ਕੀ ਧੂਰਿ ਗਵਾਈ ॥੧॥ ਤੀਰਥਿ ਅਠਸਠਿ ਮਜਨੁ ਨਾਈ ॥ ਸਤਸੰਗਤਿ ਕੀ ਧੂਰਿ ਪਰੀ ਉਡਿ ਨੇਤ੍ਰੀ ਸਭ ਦੁਰਮਤਿ ਮੈਲੁ ਗਵਾਈ ॥੧॥ ਰਹਾਉ ॥ ਜਾਹਰਨਵੀ ਤਪੈ ਭਾਗੀਰਥਿ ਆਣੀ ਕੇਦਾਰੁ ਥਾਪਿਓ ਮਹਸਾਈ ॥ ਕਾਂਸੀ ਕ੍ਰਿਸਨੁ ਚਰਾਵਤ ਗਾਊ ਮਿਲਿ ਹਰਿ ਜਨ ਸੋਭਾ ਪਾਈ ॥੨॥ ਜਿਤਨੇ ਤੀਰਥ ਦੇਵੀ ਥਾਪੇ ਸਭਿ ਤਿਤਨੇ ਲੋਚਹਿ ਧੂਰਿ ਸਾਧੂ ਕੀ ਤਾਈ ॥ ਹਰਿ ਕਾ ਸੰਤੁ ਮਿਲੈ ਗੁਰ ਸਾਧੂ ਲੈ ਤਿਸ ਕੀ ਧੂਰਿ ਮੁਖਿ ਲਾਈ ॥ ੩॥ ਜਿਤਨੀ ਸ੍ਰਿਸਟਿ ਤੁਮਰੀ ਮੇਰੇ ਸੁਆਮੀ ਸਭ ਤਿਤਨੀ ਲੋਚੈ ਧੂਰਿ ਸਾਧੂ ਕੀ ਤਾਈ ॥ ਨਾਨਕ ਲਿਲਾਟਿ ਹੋਵੈ ਜਿਸੁ ਲਿਖਿਆ ਤਿਸੁ ਸਾਧੂ ਧੂਰਿ ਦੇ ਹਰਿ ਪਾਰਿ ਲੰਘਾਈ ॥੪॥੨॥ {ਪੰਨਾ 1263}

ਪਦ ਅਰਥ:- ਤੇ—ਇਹ ਸਾਰੇ (ਬਹੁ-ਵਚਨ)। ਕਰਹਿ—ਕਰਦੇ ਹਨ, ਕਰਦੀਆਂ ਹਨ (ਬਹੁ-ਵਚਨ)। ਕੀ ਤਾਈ—ਕੀ ਤਾਈਂ, ਦੀ ਖ਼ਾਤਰ, ਪ੍ਰਾਪਤ ਕਰਨ ਵਾਸਤੇ। ਕਿਲਵਿਖ—ਪਾਪ। ਕਿਲਵਖਿ ਮੈਲੁ ਭਰੇ—ਪਾਪਾਂ ਦੀ ਮੈਲ ਨਾਲ ਲਿਬੜੇ ਹੋਏ (ਜੀਵ)।1।

ਤੀਰਥਿ—ਤੀਰਥ ਉੱਤੇ, ਤੀਰਥ ਵਿਚ। ਨਾਈ—ਵਡਿਆਈ, ਸਿਫ਼ਤਿ-ਸਾਲਾਹ। ਮਜਨੁ—ਇਸ਼ਨਾਨ। ਤੀਰਥਿ ਨਾਈ—ਸਿਫ਼ਤਿ-ਸਾਲਾਹ ਦੇ ਤੀਰਥ ਵਿਚ। ਤੀਰਥਿ ਮਜਨੁ ਨਾਈ—ਸਿਫ਼ਤਿ-ਸਾਲਾਹ ਦੇ ਤੀਰਥ ਵਿਚ (ਆਤਮਕ) ਇਸ਼ਨਾਨ। ਅਠਸਠਿ ਮਜਨੁ—ਅਠਾਹਠ (ਤੀਰਥਾਂ) ਦਾ ਇਸ਼ਨਾਨ। ਪਰੀ—ਪਈ, ਪੈਂਦੀ ਹੈ। ਉਡਿ—ਉੱਡ ਕੇ। ਨੇਤ੍ਰੀ—ਅੱਖਾਂ ਵਿਚ।1। ਰਹਾਉ।

ਜਾਹਰਨਵੀ—ਗੰਗਾ। ਤਪੈ—ਤਪੇ ਨੇ। ਤਪੈ ਭਾਗੀਰਥਿ—ਭਾਗੀਰਥ ਤਪੇ ਨੇ। ਆਣੀ—ਲਿਆਂਦੀ। ਮਹਸਾਈ—ਮਹੇਸ਼ ਨੇ, ਸ਼ਿਵ ਨੇ। ਮਿਲਿ—ਮਿਲ ਕੇ।2।

ਦੇਵੀ—ਦੇਵੀਂ, ਦੇਵਤਿਆਂ ਨੇ। ਸਭਿ—ਸਾਰੇ (ਬਹੁ-ਵਚਨ)। ਲੋਚਹਿ—ਲੋਚਦੇ ਹਨ (ਬਹੁ-ਵਚਨ)। ਤਿਸ ਕੀ—ਸੰਬੰਧਕ 'ਕੀ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ)। ਮੁਖਿ—ਮੂੰਹ ਉੱਤੇ।3।

ਸੁਆਮੀ—ਹੇ ਸੁਆਮੀ! ਲੋਚੈ—ਲੋਚਦੀ ਹੈ (ਇਕ-ਵਚਨ)। ਜਿਸੁ ਲਿਲਾਟਿ—ਜਿਸ (ਮਨੁੱਖ) ਦੇ ਮੱਥੇ ਉੱਤੇ। ਦੇ—ਦੇ ਕੇ।4।

ਅਰਥ:- ਹੇ ਭਾਈ! (ਪਰਮਾਤਮਾ ਦੀ) ਸਿਫ਼ਤਿ-ਸਾਲਾਹ ਦੇ ਤੀਰਥ ਵਿਚ (ਕੀਤਾ ਹੋਇਆ ਆਤਮਕ) ਇਸ਼ਨਾਨ (ਹੀ) ਅਠਾਹਠ ਤੀਰਥਾਂ ਦਾ ਇਸ਼ਨਾਨ ਹੈ। ਜਿਸ ਮਨੁੱਖ ਦੀਆਂ ਅੱਖਾਂ ਵਿਚ ਸਾਧ ਸੰਗਤਿ ਦੇ ਚਰਨਾਂ ਦੀ ਧੂੜ ਉੱਡ ਕੇ ਪੈਂਦੀ ਹੈ (ਉਹ ਧੂੜ ਉਸ ਦੇ ਅੰਦਰੋਂ) ਵਿਕਾਰਾਂ ਦੀ ਸਾਰੀ ਮੈਲ ਦੂਰ ਕਰ ਦੇਂਦੀ ਹੈ।1। ਰਹਾਉ।

ਹੇ ਭਾਈ! ਗੰਗਾ, ਜਮਨਾ, ਗੋਦਾਵਰੀ, ਸਰਸ੍ਵਤੀ (ਆਦਿਕ ਪਵਿੱਤਰ ਨਦੀਆਂ) ਇਹ ਸਾਰੀਆਂ ਸੰਤ ਜਨਾਂ ਦੇ ਚਰਨਾਂ ਦੀ ਧੂੜ ਹਾਸਲ ਕਰਨ ਲਈ ਜਤਨ ਕਰਦੀਆਂ ਰਹਿੰਦੀਆਂ ਹਨ। (ਇਹ ਨਦੀਆਂ ਆਖਦੀਆਂ ਹਨ ਕਿ) (ਅਨੇਕਾਂ) ਵਿਕਾਰਾਂ ਦੀ ਮੈਲ ਨਾਲ ਲਿਬੜੇ ਹੋਏ (ਜੀਵ) (ਸਾਡੇ ਵਿਚ (ਆ ਕੇ) ਚੁੱਭੀਆਂ ਲਾਂਦੇ ਹਨ (ਉਹ ਆਪਣੀ ਮੈਲ ਸਾਨੂੰ ਦੇ ਜਾਂਦੇ ਹਨ) ਸਾਡੀ ਉਹ ਮੈਲ ਸੰਤ-ਜਨਾਂ ਦੇ ਚਰਨਾਂ ਦੀ ਧੂੜ ਦੂਰ ਕਰਦੀ ਹੈ।1।

ਹੇ ਭਾਈ! ਗੰਗਾ ਨੂੰ ਭਾਗੀਰਥ ਤਪੇ ਨੇ (ਸ੍ਵਰਗਾਂ ਵਿਚੋਂ) ਲਿਆਂਦਾ, ਸ਼ਿਵ ਜੀ ਨੇ ਕੇਦਾਰ ਤੀਰਥ ਅਸਥਾਪਨ ਕੀਤਾ, ਕਾਂਸ਼ੀ (ਸ਼ਿਵ ਦੀ ਨਗਰੀ), (ਬਿੰਦ੍ਰਾਬਨ ਜਿੱਥੇ) ਕ੍ਰਿਸ਼ਨ ਗਾਈਆਂ ਚਾਰਦਾ ਰਿਹਾ—ਇਹਨਾਂ ਸਭਨਾਂ ਨੇ ਹਰੀ ਦੇ ਭਗਤਾਂ ਨੂੰ ਮਿਲ ਕੇ ਹੀ ਵਡਿਆਈ ਹਾਸਲ ਕੀਤੀ ਹੋਈ ਹੈ।2।

ਹੇ ਭਾਈ! ਦੇਵਤਿਆਂ ਨੇ ਜਿਤਨੇ ਭੀ ਤੀਰਥ ਅਸਥਾਪਨ ਕੀਤੇ ਹੋਏ ਹਨ, ਉਹ ਸਾਰੇ (ਤੀਰਥ) ਸੰਤ ਜਨਾਂ ਦੇ ਚਰਨਾਂ

ਦੀ ਧੂੜ ਦੀ ਤਾਂਘ ਕਰਦੇ ਰਹਿੰਦੇ ਹਨ। ਜਦੋਂ ਉਹਨਾਂ ਨੂੰ ਪਰਮਾਤਮਾ ਦਾ ਸੰਤ ਗੁਰੂ ਸਾਧੂ ਮਿਲਦਾ ਹੈ, ਉਹ ਉਸ ਦੇ ਚਰਨਾਂ ਦੀ ਧੂੜ ਮੱਥੇ ਉੱਤੇ ਲਾਂਦੇ ਹਨ।3।

ਹੇ ਮੇਰੇ ਮਾਲਕ-ਪ੍ਰਭੂ! ਤੇਰੀ ਪੈਦਾ ਕੀਤੀ ਹੋਈ ਜਿਤਨੀ ਭੀ ਸ੍ਰਿਸ਼ਟੀ ਹੈ, ਉਹ ਸਾਰੀ ਗੁਰੂ ਦੇ ਚਰਨਾਂ ਦੀ ਧੂੜ ਪ੍ਰਾਪਤ ਕਰਨ ਲਈ ਤਾਂਘ ਕਰਦੀ ਹੈ। ਹੇ ਨਾਨਕ! (ਆਖ—ਹੇ ਭਾਈ!) ਜਿਸ ਮਨੁੱਖ ਦੇ ਮੱਥੇ ਉੱਤੇ ਲੇਖ ਲਿਖਿਆ ਹੋਵੇ, ਪਰਮਾਤਮਾ ਉਸ ਨੂੰ ਗੁਰੂ-ਸਾਧੂ ਦੇ ਚਰਨਾਂ ਦੀ ਧੂੜ ਦੇ ਕੇ ਉਸ ਨੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਦੇਂਦਾ ਹੈ।4।2।